# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :28-12-2025**

ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਕਿਹਾ ਏ ਕਿ ਭਾਰਤ ਨੇ ਇਸ ਸਾਲ ਰਾਸ਼ਟਰੀ ਸੁਰੱਖਿਆ ਤੋਂ ਲੈ ਕੇ ਖੇਡਾਂ ਤੱਕ ਅਤੇ ਵਿਗਿਆਨ ਪ੍ਰਯੋਗਸ਼ਾਲਾਵਾਂ ਤੋਂ ਲੈ ਕੇ ਦੁਨੀਆ ਦੇ ਸਭ ਤੋਂ ਵੱਡੇ ਮੰਚਾਂ ਤੱਕ ਹਰ ਜਗ੍ਹਾ ਮਜ਼ਬੂਤ ਛਾਪ ਛੱਡੀ ਏ। ਅੱਜ ਆਕਾਸ਼ਵਾਣੀ 'ਤੇ ਆਪਣੇ ਪ੍ਰੋਗਰਾਮ ਮਨ ਕੀ ਬਾਤ ਵਿੱਚ ਰਾਸ਼ਟਰ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਸਾਲ 2025 ਬਾਰੇ ਜ਼ਿਕਰ ਕਰਦਿਆਂ ਕਿਹਾ ਕਿ ਇਸ ਸਾਲ ਨੇ ਹਰ ਭਾਰਤੀ ਨੂੰ ਮਾਣ ਮਹਿਸੂਸ ਕਰਵਾਉਣ ਲਈ ਕਈ ਪਲ ਦਿੱਤੇ ਨੇ।  ਉਨ੍ਹਾਂ ਕਿਹਾ ਕਿ 'ਆਪ੍ਰੇਸ਼ਨ ਸਿੰਦੂਰ' ਇਸ ਸਾਲ ਹਰ ਭਾਰਤੀ ਲਈ ਮਾਣ ਦਾ ਪ੍ਰਤੀਕ ਬਣ ਗਿਆ। ਉਨ੍ਹਾਂ ਅੱਗੇ ਕਿਹਾ ਕਿ ਦੁਨੀਆ ਨੇ ਸਪੱਸ਼ਟ ਤੌਰ 'ਤੇ ਦੇਖਿਆ ਕਿ

ਅੱਜ ਦਾ ਭਾਰਤ ਆਪਣੀ ਸੁਰੱਖਿਆ ਨਾਲ ਸਮਝੌਤਾ ਨਹੀਂ ਕਰਦਾ-

BYTE

ਸ਼੍ਰੀ ਮੋਦੀ ਨੇ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ ਲਈ ਉਹੀ ਭਾਵਨਾ ਅਤੇ ਉਤਸ਼ਾਹ ਦਿਖਾਉਣ ਲਈ ਲੋਕਾਂ ਦੀ ਸ਼ਲਾਘਾ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਇਹ ਵੀ ਕਿਹਾ ਕਿ ਭਾਰਤ ਨੇ ਇਸ ਸਾਲ ਵਿਗਿਆਨ ਅਤੇ ਪੁਲਾੜ ਦੇ ਖੇਤਰ ਵਿੱਚ ਵੀ ਵੱਡੀ ਪੁਲਾਂਘ ਪੁੱਟੀ ਏ। ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ 'ਤੇ ਪਹੁੰਚਣ ਵਾਲੇ ਪਹਿਲੇ ਭਾਰਤੀ ਬਣੇ ਨੇ।

-----------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸ਼ਾਸਤਰੀ ਸੰਗੀਤ ਨੂੰ ਲੋਕਾਂ ਨੂੰ ਰੂਹਾਨੀਅਤ ਅਤੇ ਉਨ੍ਹਾਂ ਦੀਆਂ ਸੱਭਿਆਚਾਰਕ ਜੜ੍ਹਾਂ ਨਾਲ ਜੋੜਨ ਲਈ ਸ਼ਕਤੀਸ਼ਾਲੀ ਮਾਧਿਅਮ ਦੱਸਿਆ ਏ। ਕੱਲ੍ਹ ਜਲੰਧਰ ਵਿਚ 150ਵੇਂ

ਹਰਿਵੱਲਭ ਸੰਗੀਤ ਸੰਮੇਲਨ ਦੇ ਦੂਜੇ ਦਿਨ, ਇਕੱਠ ਨੂੰ ਸੰਬੋਧਨ ਕਰਦਿਆਂ, ਸ਼੍ਰੀ ਕਟਾਰੀਆ ਨੇ ਕਿਹਾ ਕਿ, ਉਹ ਇਸ ਵਿਸ਼ਵ-ਪ੍ਰਸਿੱਧ ਸ਼ਾਸਤਰੀ ਸੰਗੀਤ ਦੇ ਇਤਿਹਾਸਕ 150ਵੇਂ ਸੰਮੇਲਨ ਦਾ ਹਿੱਸਾ ਬਣਨ 'ਤੇ ਮਾਣ ਮਹਿਸੂਸ ਕਰ ਰਹੇ ਨੇ। ਸ਼੍ਰੀ ਕਟਾਰੀਆ ਨੇ ਕਿਹਾ ਕਿ ਇਹ ਸਾਲ ਰਾਸ਼ਟਰੀ ਗੀਤ ਵੰਦੇ ਮਾਤਰਮ ਦਾ 150ਵਾਂ ਸਾਲ ਅਤੇ ਸਰਦਾਰ ਵੱਲਭ ਭਾਈ ਪਟੇਲ ਦੀ 150ਵੀਂ ਜਨਮ ਵਰ੍ਹੇਗੰਢ ਹੋਣ ਕਾਰਨ ਖਾਸ ਮਹੱਤਵ ਰੱਖਦਾ ਏ। ਇਸ ਮੌਕੇ ਬੋਲਦਿਆਂ ਸਾਬਕਾ ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰੀ, ਅਨੁਰਾਗ ਸਿੰਘ ਠਾਕੁਰ ਨੇ ਇਸ ਖੇਤਰ ਵਿੱਚ ਉੱਭਰ ਰਹੀਆਂ ਸੰਗੀਤਕ ਪ੍ਰਤਿਭਾਵਾਂ ਨੂੰ ਉਤਸ਼ਾਹਿਤ ਕਰਨ ਲਈ ਹਰੀਵੱਲਭ ਸੰਗੀਤ ਮਹਾਵਿਦਿਆਲਾ ਬਣਾਉਣ ਦੇ ਨਾਲ-ਨਾਲ ਸੰਗੀਤਕ ਵਿਰਸੇ ਦੀ ਰਾਖੀ ਕਰਨ ਲਈ ਵੀ ਕਿਹਾ। ਤਿੰਨ ਦਿਨਾਂ ਸਾਲਾਨਾ ਸ਼ਾਸਤਰੀ ਸੰਗੀਤ ਸੰਮੇਲਨ ਦਾ ਅੱਜ ਆਖਰੀ ਦਿਨ ਏ।

-----------------------------------------

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕੱਲ੍ਹ ਪਟਿਆਲਾ ਸਥਿਤ ਮੈਡੀਕਲ ਕਾਲਜ ਦਾ ਦੌਰਾ ਕਰ ਕੇ ਮੈਡੀਕਲ ਅਤੇ ਪ੍ਰਸ਼ਾਸਨਿਕ ਅਫ਼ਸਰਾਂ ਨੂੰ ਗੰਭੀਰ ਮਰੀਜਾਂ ਲਈ ਘਰ ਵਿਚ ਪੈਲੀਏਟਿਵ ਕੇਅਰ ਸੇਵਾਵਾਂ ਸੁਚੱਜੇ ਢੰਗ ਨਾਲ ਲਾਗੂ ਕਰਨ ਲਈ ਹਦਾਇਤਾਂ ਕੀਤੀਆਂ। ਇਸ ਮੌਕੇ  ਸਿਹਤ ਮੰਤਰੀ ਨੇ ਦੱਸਿਆ ਕਿ ਪੈਲਿਏਟਿਵ ਕੇਅਰ ਉਹ ਸਿਹਤ ਸੇਵਾਵਾਂ ਨੇ, ਜਿਹੜੀਆਂ ਲੰਬੇ ਸਮੇਂ ਤੋਂ ਲਾ-ਇਲਾਜ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਨੂੰ ਦਰਦ, ਤਕਲੀਫ਼ ਤੇ ਮਾਨਸਿਕ ਪੀੜ ਤੋਂ  ਰਾਹਤ ਦੇਣ ਲਈ ਮੁਹੱਈਆ ਕਰਵਾਈਆਂ ਜਾਂਦੀਆਂ ਨੇ।  ਡਾ. ਬਲਬੀਰ ਸਿੰਘ ਨੇ ਰਾਜਿੰਦਰਾ ਹਸਪਤਾਲ ਵਿਚ ਨੋਡਲ ਅਫ਼ਸਰ ਨਿਯੁਕਤ ਕਰਨ ਦੀ ਹਦਾਇਤ ਕੀਤੀ।

-------------------------------------------

ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਏ ਕਿ

ਪੱਟੀਦਰਜ ਵਰਗਾਂ ਦੇ ਵਿਦਿਆਰਥੀਆਂ ਲਈ ਚੱਲ ਰਹੀ ਪੋਸਟ ਮੈਟ੍ਰਿਕ ਵਜੀਫਾ ਯੋਜਨਾ ਤਹਿਤ ਹੁਣ ਤੱਕ 4 ਕਰੋੜ 77 ਲੱਖ ਰੁਪਏ ਦੀ ਰਕਮ ਜਾਰੀ ਕੀਤੀ ਜਾ ਚੁੱਕੀ ਏ।

ਉਨ੍ਹਾਂ ਕਿਹਾ ਕਿ ਸੂਬੇ ਵਿੱਚ 2 ਲੱਖ 62 ਹਜ਼ਾਰ 373 ਵਿਦਿਆਰਥੀਆਂ ਨੇ ਪੋਸਟ ਮੈਟ੍ਰਿਕ ਵਜੀਫਾ ਯੋਜਨਾ ਤਹਿਤ ਅਰਜ਼ੀਆਂ ਦਿੱਤੀਆਂ ਨੇ। ਮਾਲੀ ਸਾਲ 2025-26 ਦੌਰਾਨ ਇਸ ਯੋਜਨਾ ਲਈ ਬਜਟ ਵਿਚ 245 ਕਰੋੜ ਰੁਪਏ ਦਾ ਇੰਤਜਾਮ ਕੀਤਾ ਗਿਆ ਏ। ਕੈਬਨਿਟ ਮੰਤਰੀ ਨੇ ਕਿਹਾ ਕਿ ਬੀਤੇ ਮਾਲੀ ਸਾਲ ਦੌਰਾਨ ਪੱਟੀਦਰਜ ਵਰਗ ਦੇ ਵਿਦਿਆਰਥੀਆਂ ਨੂੰ 2 ਲੱਖ 37 ਹਜਾਰ ਰੁਪਏ ਇਸ ਯੋਜਨਾ ਤਹਿਤ ਮੁਹੱਈਆ ਕਰਵਾਏ ਗਏ ਸਨ।

-----------------------------------------

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕੱਲ੍ਹ ਪੰਜਾਬ ਪੁਲਿਸ ਨੇ 391 ਥਾਵਾਂ ’ਤੇ ਛਾਪੇਮਾਰੀ ਕੀਤੀ, ਇਸ ਦੌਰਾਨ ਸੂਬੇ ਵਿਚ 103 ਮਾਮਲੇ ਦਰਜ ਕਰ ਕੇ 148 ਨਸ਼ਾ ਤਸਕਰਾਂ ਨੂੰ

ਗ੍ਰਿਫ਼ਤਾਰ ਕੀਤਾ ਗਿਆ। ਇਸ ਛਾਪੇਮਾਰੀ ਦੌਰਾਨ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 5  ਕਿੱਲੋ ਤੋਂ ਹੈਰੋਇਨ ਤੇ ਵੱਡੀ ਮਿਕਦਾਰ ਵਿਚ ਭੁੱਕੀ, ਪਾਬੰਦੀਸ਼ੁਦਾ ਗੋਲੀਆਂ ਤੇ ਡੇਢ  ਲੱਖ ਰੁਪਏ ਤੋਂ ਵੱਧ ਦੀ ਨਗਦੀ ਬਰਾਮਦ ਕੀਤੀ ਗਈ।

---------------------------------------------